# ਆਕਾਸ਼ਵਾਣੀ ਜਲੰਧਰ

## ਪ੍ਰਦੇਸ਼ਿਕ ਖਬਰਾਂ ਪੰਜਾਬੀ

**13:20 Pm**

**ਮਿਤੀ: 13-11-2024**

ਨਵੀਂ ਤੇ ਨਵਿਆਉਣਯੋਗ ਊਰਜਾ ਮੰਤਰਾਲਾ ਕੱਲ ਤੋਂ ਭੁਵਨੇਸ਼ਵਰ ਵਿੱਚ ਦੋ ਦਿਨਾਂ 'ਚਿੰਤਨ ਸ਼ਿਵਿਰ' ਕਰਵਾ ਰਿਹਾ ਏ। ਇਹ ਸ਼ੀਵਿਰ 2030 ਤੱਕ 500 ਗੀਗਾਵਾਟ ਦੇ ਟੀਚੇ ਨੂੰ ਪ੍ਰਾਪਤ ਕਰਨ ਤੇ 2047 ਤੱਕ 1800 ਗੀਗਾਵਾਟ ਦੇ ਅਗਲੇ ਟੀਚੇ ਵੱਲ ਅੱਗੇ ਵਧਣ ਦੀਆਂ ਰਣਨੀਤੀਆਂ 'ਤੇ ਕੇਂਦਰਿਤ ਹੋਵੇਗਾ। ਕੇਂਦਰੀ ਨਵੀਂ ਤੇ ਨਵਿਆਉਣਯੋਗ ਊਰਜਾ ਮੰਤਰੀ ਪ੍ਰਹਿਲਾਦ ਜੋਸ਼ੀ ਸਮਾਗਮ ਦਾ ਉਦਘਾਟਨ ਕਰਨਗੇ। ਨਵੀਂ ਤੇ ਨਵਿਆਉਣਯੋਗ ਊਰਜਾ ਰਾਜ ਮੰਤਰੀ ਸ਼੍ਰੀਪਦ ਯੇਸੋ ਨਾਇਕ, ਓਡੀਸ਼ਾ ਦੇ ਮੁੱਖ ਮੰਤਰੀ ਮੋਹਨ ਚਰਨ ਮਾਝੀ ਤੇ ਮੰਤਰਾਲੇ ਅਤੇ ਰਾਜ ਦੇ ਹੋਰ ਸੀਨੀਅਰ ਅਧਿਕਾਰੀ ਵੀ ਸਮਾਗਮ ਨੂੰ ਸੰਬੋਧਨ ਕਰਨਗੇ।

-------------------------------------------------------

ਗੁਰਦੁਆਰਾ ਸ੍ਰੀ ਨਨਕਾਣਾ ਸਾਹਿਬ ਪਾਕਿਸਤਾਨ ਵਿਖੇ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਮਨਾਉਣ ਲਈ ਸ਼੍ਰੋਮਣੀ ਕਮੇਟੀ ਵਲੋਂ ਭੇਜੇ ਜਾਣ ਵਾਲੇ ਜਥੇ ਲਈ 763 ਸ਼ਰਧਾਲੂਆਂ ਨੂੰ ਵੀਜੇ ਪ੍ਰਾਪਤ ਹੋਏ ਹਨ। ਇਹਨਾਂ ਨੂੰ ਭਲਕੇ 14 ਨਵੰਬਰ ਨੂੰ ਪਾਕਿਸਤਾਨ ਲਈ ਰਵਾਨਾ ਕੀਤਾ ਜਾਵੇਗਾ। ਇਸ ਸਬੰਧ ਵਿੱਚ ਸ਼੍ਰੋਮਣੀ ਕਮੇਟੀ ਵੱਲੋਂ ਪ੍ਰਬੰਧ ਮੁਕੰਮਲ ਕਰ ਲਏ ਗਏ ਹਨ। ਪਾਸਪੋਰਟ ਵੰਡਣ ਮੌਕੇ ਸ਼੍ਰੋਮਣੀ ਕਮੇਟੀ ਦੇ ਸਕੱਤਰ ਪ੍ਰਤਾਪ ਸਿੰਘ ਨੇ ਦੱਸਿਆ ਕਿ 2244 ਸ਼ਰਧਾਲੂਆਂ ਦੇ ਪਾਸਪੋਰਟ ਦਿੱਲੀ ਸਥਿਤ ਪਾਕਿਸਤਾਨ ਹਾਈ ਕਮਿਸ਼ਨ ਨੂੰ ਭੇਜੇ ਗਏ ਸਨ, ਜਿਨ੍ਹਾਂ ਵਿਚੋਂ 763 ਸ਼ਰਧਾਲੂਆਂ ਨੂੰ ਵੀਜ਼ਾ ਜਾਰੀ ਕੀਤਾ ਹੈ।

-------------------------------------------------------

ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਨੂੰ ਸਮਰਪਿਤ ਅਕਾਲ ਤਖ਼ਤ ਸਾਹਿਬ ਵਲੋਂ ਕਰਵਾਏ ਜਾ ਰਹੇ ਸਰਬ ਧਰਮ ਅੰਤਰਰਾਸ਼ਟਰੀ ਸਮੇਲਨ ਮੌਕੇ ਵੱਖ-ਵੱਖ ਧਰਮਾਂ ਦੇ ਮੁੱਖ ਆਗੂ ਸ੍ਰੀ ਹਰਿਮੰਦਰ ਸਾਹਿਬ ਨਤਮਸਤਕ ਹੋਣ ਲਈ ਪੁੱਜੇ। ਇਸ ਮੌਕੇ ਉਹਨਾਂ ਗੁਰੂ ਘਰ ਵਿਚ ਮੱਥਾ

ਟੇਕਿਆ ਤੇ ਸਰਬਤ ਦੇ ਭਲੇ ਦੀ ਅਰਦਾਸ ਕੀਤੀ । ਉਹਨਾਂ ਇਸ ਇਤਿਹਾਸਕ ਮੌਕੇ ਸਾਂਝੀਵਾਲਤਾ ਦਾ ਸੁਨੇਹਾ ਸੰਸਾਰ ਤੱਕ ਪਹੁੰਚਾਉਣ ਦੇ ਨਾਲ-ਨਾਲ ਇਹ ਸੰਦੇਸ਼ਾ ਦਿੱਤਾ ਗਿਆ ਕਿ ਧਰਮ ਜੋੜਨਾ ਸਿਖਾਉਂਦਾ ਹੈ ਤੋੜਨਾ ਨਹੀਂ । ਸਾਰੇ ਸੰਤਾਂ ਮਹਾਂਪੁਰਸ਼ਾਂ ਦਾ ਕਹਿਣਾ ਸੀ ਕਿ ਸੰਸਾਰ ਨੂੰ ਯੁੱਧ ਨਹੀਂ ਬੁੱਧ ਚਾਹੀਦਾ ਏ ।

---------------------------------------------------------

ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਿਚ ਸੈਨੇਟ ਚੋਣਾਂ ਕਰਵਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਉਪ-ਰਾਸ਼ਟਰਪਤੀ ਜਗਦੀਪ ਧਨਖੜ ਨੂੰ ਦਖ਼ਲ ਦੇਣ ਦੀ ਮੰਗ ਕੀਤੀ ਏ । ਉਪ-ਰਾਸ਼ਟਰਪਤੀ ਨੂੰ ਲਿਖੇ ਪੱਤਰ ਵਿਚ ਭਗਵੰਤ ਸਿੰਘ ਮਾਨ ਨੇ ਕਿਹਾ ਏ ਕਿ ਮੌਜੂਦਾ ਸੈਨੇਟ ਦਾ ਕਾਰਜਕਾਲ 31 ਅਕਤੂਬਰ 2024 ਨੂੰ ਮੁਕੰਮਲ ਹੋਣ ਦੇ ਬਾਵਜੂਦ ਪੰਜਾਬ ਯੂਨੀਵਰਸਿਟੀ ਵਿਚ ਹਾਲੇ ਤੱਕ ਸੈਨੇਟ ਚੋਣਾਂ ਦਾ ਐਲਾਨ ਨਹੀਂ ਕੀਤਾ ਗਿਆ ।

--------------------------------------------------------

ਸਥਾਨਕ ਸਰਕਾਰਾਂ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਏ ਕਿ

ਪੰਜਾਬ ਸਰਕਾਰ ਸ਼ਹਿਰ ਵਾਸੀਆਂ ਨੂੰ ਸਾਫ ਸੁਥਰਾ ਤੇ ਪ੍ਰਦੂਸ਼ਣ ਰਹਿਤ ਵਾਤਾਵਰਣ ਮੁਹੱਈਆ ਕਰਵਾਉਣ ਲਈ ਯਤਨਸ਼ੀਲ ਏ। ਉਹਨਾਂ ਕਿਹਾ ਕਿ ਪੰਜਾਬ ਦੇ ਸ਼ਹਿਰਾਂ ਨੂੰ ਕੂੜਾ ਮੁਕਤ ਬਣਾਉਣ ਤੇ ਸੀਵਰੇਜ ਦੀ ਸਫਾਈ, ਸਟਰੀਟ ਲਾਈਟਾਂ ਤੇ ਸਵੱਛ ਪਾਣੀ ਮੁਹੱਈਆ ਕਰਵਾਉਣ ਨੂੰ ਯਕੀਨੀ ਬਣਾਉਣ ਲਈ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਏ। ਨਗਰ ਕੌਂਸਲ ਤੇ ਨਗਰ ਪੰਚਾਇਤਾਂ ਦੇ ਕਾਰਜ ਸਾਧਕ ਅਫਸਰਾਂ ਨਾਲ ਮੀਟਿੰਗ ਕਰਦਿਆਂ ਉਹਨਾਂ ਅਧਿਕਾਰੀਆਂ ਨੂੰ ਨਿਰਦੇਸ਼ ਦਿੱਤੇ ਕਿ ਸੂਬੇ ਦੇ ਸ਼ਹਿਰਾਂ ਨੂੰ ਸਾਫ-ਸੁਥਰਾ ਤੇ ਕੂੜਾ ਮੁਕਤ ਕਰਨ ਲਈ ਯੋਗ ਉਪਰਾਲੇ ਕੀਤੇ ਜਾਣ। ਉਨ੍ਹਾਂ ਅਧਿਕਾਰੀਆਂ ਨੂੰ ਕਿਹਾ ਕਿ ਸ਼ਹਿਰਾਂ ਵਿਚ ਸੀਵਰੇਜ ਦੀ ਸਾਫ-ਸਫਾਈ ਵੱਲ ਵੀ ਵਿਸ਼ੇਸ਼ ਧਿਆਨ ਦਿੱਤਾ ਜਾਵੇ।

---------------------------------------------------------

ਪੰਜਾਬ ਦੇ ਜ਼ਿਆਦਾਤਰ ਸ਼ਹਿਰ ਧੂੰਏਂ ਤੇ ਧੁੰਦ ਦੀ ਲਪੇਟ ‘ਚ ਹਨ। ਚੰਡੀਗੜ੍ਹ ਦੀ ਹਵਾ ਵੀ ਪੂਰੀ ਤਰ੍ਹਾਂ ਪ੍ਰਦੂਸ਼ਿਤ ਹੋ ਚੁੱਕੀ ਏ। ਮੰਡੀ ਗੋਬਿੰਦਗੜ੍ਹ ਵਿਚ ਹਵਾ ਗੁਣਵੱਤਾ ਸੂਚਕ ਅੰਕ 269 ਦਰਜ ਕੀਤਾ ਗਿਆ ਏ। ਸੂਬੇ ਦੇ

ਤਾਪਮਾਨ ‘ਚ 24 ਘੰਟਿਆਂ ‘ਚ 1.5 ਡਿਗਰੀ ਦੀ ਗਿਰਾਵਟ ਦਰਜ ਕੀਤੀ ਗਈ ਏ। ਹੁਣ ਇਹ ਆਮ ਦੇ ਨੇੜੇ ਪਹੁੰਚ ਗਿਆ ਏ। ਬਠਿੰਡਾ ਵਿਚ ਸਭ ਤੋਂ ਵੱਧ ਤਾਪਮਾਨ 30.4 ਡਿਗਰੀ ਦਰਜ ਕੀਤਾ ਗਿਆ ਏ। ਇਸੇ ਦੌਰਾਨ ਮੌਸਮ ਵਿਭਾਗ ਨੇ 15 ਨਵੰਬਰ ਤੱਕ ਸੰਘਣੀ ਧੁੰਦ ਦਾ ਅਲਰਟ ਜਾਰੀ ਕੀਤਾ ਏ । ਇਸ ਕਾਰਨ ਵਿਜ਼ੀਬਿਲਟੀ ਘੱਟ ਗਈ ਹੈ। ਇਸ ਕਾਰਨ ਹਵਾਈ ਤੇ ਸੜਕੀ ਆਵਾਜਾਈ ਪ੍ਰਭਾਵਿਤ ਹੋ ਸਕਦੀ ਏ।

---

ਫਾਜ਼ਿਲਕਾ ਦੇ ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਨੇ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ ਏ। ਉਹਨਾਂ ਕਿਹਾ ਕਿ ਪਰਾਲੀ ਸਾੜਨ ਨਾਲ ਹਵਾ ਤੇ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਏ, ਜਿਸ ਦਾ ਸਿਹਤ 'ਤੇ ਮਾੜਾ ਪ੍ਰਭਾਵ ਪੈਦਾ ਏ । ਪ੍ਰਦੂਸ਼ਿਤ ਹਵਾ ਨਾਲ ਦਿਲ, ਫੇਫੜਿਆਂ, ਦਿਮਾਗ ਤੇ ਅੱਖਾਂ ਦੀਆਂ ਬੀਮਾਰੀਆਂ ਹੋ ਸਕਦੀਆਂ ਨੇ। ਉਹਨਾ ਕਿਹਾ ਕਿ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ

ਪਰਾਲੀ, ਸੁੱਕੇ ਪੱਤੇ ਤੇ ਕੂੜੇ ਨੂੰ ਨਾ ਸਾੜੋ ਤੇ ਖਾਣਾ ਬਣਾਉਣ ਲਈ ਧੂੰਏਦਾਰ ਬਾਲਣ ਦੀ ਵਰਤੋਂ ਨਹੀਂ ਕਰਨੀ ਚਾਹੀਦੀ ਏ।

----------------------------------------------------------

ਪੰਜਾਬ ਪੁਲੀਸ ਦੇ ਮੁਖੀ ਗੌਰਵ ਯਾਦਵ ਨੇ ਦੱਸਿਆ ਏ ਕੀ ਅਰਸ਼ ਡੱਲਾ ਦੇ ਨਿਰਦੇਸ਼ਾਂ 'ਤੇ ਪੈਟਰੋਲ ਪੰਪ 'ਤੇ ਗ੍ਰਨੇਡ ਸੁੱਟਣ ਦੇ ਮਾਮਲੇ ਵਿੱਚ ਕਾਊਂਟਰ ਇੰਟੈਲੀਜੈਂਸ ਬਠਿੰਡਾ ਨੇ ਮਾਨਸਾ ਪੁਲਿਸ ਨਾਲ ਸਾਂਝੇ ਆਪ੍ਰੇਸ਼ਨ ਵਿਚ ਮੁੱਖ ਦੋਸ਼ੀ  ਦੋਸ਼ੀ ਸ਼ਿਮਲਾ ਸਿੰਘ ਨੂੰ ਗ੍ਰਿਫਤਾਰ ਕੀਤਾ ਏ। ਬੀਤੇ ਮਹੀਨੇ ਮਾਨਸਾ ਦੇ ਇੱਕ ਪੈਟਰੋਲ ਪੰਪ  'ਤੇ ਹੈਂਡ ਗ੍ਰਨੇਡ ਹਮਲਾ ਕੀਤਾ ਗਿਆ ਸੀ। ਧਮਾਕੇ ਤੋਂ ਬਾਅਦ ਪੈਟਰੋਲ ਪੰਪ ਦੇ ਮਾਲਕ ਨੂੰ ਇਕ ਵਿਦੇਸ਼ੀ ਮੋਬਾਈਲ ਨੰਬਰ ਤੋਂ ਧਮਕੀ ਮਿਲੀ ਸੀ, ਜਿਸ ਵਿਚ ਫੋਨ ਕਰਨ ਵਾਲੇ ਨੇ 5 ਕਰੋੜ ਰੁਪਏ ਦੀ ਫਿਰੌਤੀ ਮੰਗੀ ਸੀ।

----------------------------------------------------------

ਕ੍ਰਿਕੇਟ ਵਿੱਚ, ਅੱਜ ਭਾਰਤ ਤੇ ਦੱਖਣੀ ਅਫਰੀਕਾ ਦਰਮਿਆਨ ਚਾਰ twenty - 20 ਮੈਚਾਂ ਦੀ ਲੜੀ ਦਾ ਤੀਜਾ ਮੈਚ ਸੇਂਚੁਰੀਅਨ 'ਚ ਖੇਡਿਆ ਜਾਵੇਗਾ. ਮੈਚ ਭਾਰਤੀ ਸਮੇਂ ਅਨੁਸਾਰ ਰਾਤ ਸਾਢੇ 8 ਵਜੇ ਸ਼ੁਰੂ ਹੋਏਗਾ.

ਦੱਖਣੀ ਅਫਰੀਕਾ ਨੇ ਦੂਜੇ ਮੈਚ ਵਿੱਚ ਤਿੰਨ ਵਿਕਟਾਂ ਨਾਲ ਜਿੱਤ ਦਰਜ ਕਰਨ ਤੋਂ ਬਾਅਦ ਲੜੀ 1-1 ਨਾਲ ਬਰਾਬਰ ਕਰ ਲਈ ਏ, ਜਦਕਿ ਭਾਰਤ ਨੇ ਸੀਰੀਜ਼ ਦਾ ਪਹਿਲਾ ਮੈਚ 61 ਦੌੜਾਂ ਨਾਲ ਜਿੱਤਿਆ ਸੀ।

---------------------------------------------------------------

ਫਾਜ਼ਿਲਕਾ ਦੇ ਸਿਵਲ ਸਰਜਨ ਡਾ. ਚੰਦਰ ਸ਼ੇਖਰ ਕੱਕੜ ਨੇ ਪਰਾਲੀ ਨਾ ਸਾੜਨ ਦੀ ਅਪੀਲ ਕੀਤੀ ਏ। ਉਹਨਾਂ ਕਿਹਾ ਕਿ ਪਰਾਲੀ ਸਾੜਨ ਨਾਲ ਹਵਾ ਤੇ ਵਾਤਾਵਰਣ ਪ੍ਰਦੂਸ਼ਿਤ ਹੁੰਦਾ ਏ, ਜਿਸ ਦਾ ਸਿਹਤ 'ਤੇ ਮਾੜਾ ਪ੍ਰਭਾਵ ਪੈਦਾ ਏ। ਪ੍ਰਦੂਸ਼ਿਤ ਹਵਾ ਨਾਲ ਦਿਲ, ਫੇਫੜਿਆਂ, ਦਿਮਾਗ ਤੇ ਅੱਖਾਂ ਦੀਆਂ ਬੀਮਾਰੀਆਂ ਹੋ ਸਕਦੀਆਂ ਨੇ। ਉਹਨਾ ਕਿਹਾ ਕਿ ਵਾਤਾਵਰਣ ਨੂੰ ਪ੍ਰਦੂਸ਼ਿਤ ਹੋਣ ਤੋਂ ਬਚਾਉਣ ਲਈ ਪਰਾਲੀ, ਸੁੱਕੇ ਪੱਤੇ ਤੇ ਕੂੜੇ ਨੂੰ ਨਾ ਸਾੜੋ ਤੇ ਖਾਣਾ ਬਣਾਉਣ ਲਈ ਧੂੰਏਦਾਰ ਬਾਲਣ ਦੀ ਵਰਤੋਂ ਨਹੀਂ ਕਰਨੀ ਚਾਹੀਦੀ ਏ।